# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-07-2024**

ਕੌਮੀ ਪ੍ਰੀਖਿਆ ਏਜੰਸੀ ਨੇ ਸਾਂਝੀ ਯੂਨੀਵਰਸਿਟੀ ਦਾਖਲਾ ਪ੍ਰੀਖਿਆ - 2024 ਦੀ ਉੱਤਰ ਕੁੰਜੀ ਜਾਰੀ ਕੀਤੀ ਏ । ਵਿਦਿਆਰਥੀ ਕੱਲ ਤੱਕ, ਉੱਤਰ ਕੁੰਜੀ ਨੂੰ ਚੁਣੌਤੀ ਦੇ ਸਕਦੇ ਨੇ । ਹੁਣ ਇੱਕ ਹਫ਼ਤੇ ਵਿੱਚ ਨਤੀਜਾ ਐਲਾਨੇ ਜਾਣ ਦੀ ਸੰਭਾਵਨਾ ਏ । ਇਹ ਪ੍ਰੀਖਿਆ ਪਹਿਲੀ ਵਾਰ, ਹਾਈਬ੍ਰਿਡ ਆਧਾਰ 'ਤੇ ਕਰਵਾਈ ਗਈ ਸੀ । 15 ਵਿਸ਼ਿਆਂ ਦੀਆਂ ਪ੍ਰੀਖਿਆਵਾਂ ਪੈੱਨ-ਪੇਪਰ ਆਧਾਰਿਤ ਸਨ, ਜਦਕਿ ਬਾਕੀ 48 ਵਿਸ਼ੇ ਕੰਪਿਊਟਰ ਆਧਾਰਿਤ ਸਨ । ਇਸ ਸਾਲ 261 ਕੇਂਦਰੀ, ਰਾਜ, ਡੀਮਡ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚ ਅੰਡਰ ਗਰੈਜੂਏਟ ਕੋਰਸਾਂ ਵਿੱਚ ਦਾਖਲੇ ਲਈ, 13 ਲੱਖ 40 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ ਸਾਂਝੀ ਦਾਖਲਾ ਪ੍ਰੀਖਿਆ ਲਈ ਰਜਿਸਟ੍ਰੇਸ਼ਨ ਕਰਵਾਈ ਸੀ ।

-------------------------------------------------------------

ਪੰਜਾਬ ਸਰਕਾਰ ਵੱਲੋਂ ਨਾਗਰਿਕਾਂ ਨੂੰ ਦਿੱਤੀਆਂ ਜਾਂਦੀਆਂ ਸੇਵਾਵਾਂ ਨੂੰ, ਨਿਰਵਿਘਨ ਅਤੇ ਹੋਰ ਸੁਖਾਲਾ ਬਣਾਉਣ ਦੇ ਉਦੇਸ਼ ਨਾਲ, ਪ੍ਰਸ਼ਾਸਨਿਕ ਸੁਧਾਰ ਵਿਭਾਗ ਨੇ ਈ-ਗਵਰਨੈਂਸ ਪ੍ਰਣਾਲੀ ਵਿੱਚ ਪਟਵਾਰੀਆਂ ਨੂੰ ਸ਼ਾਮਲ ਕੀਤਾ ਏ, ਜਿਸ ਨਾਲ ਹੁਣ ਦਸਤਾਵੇਜ਼ ਤਸਦੀਕ ਸਬੰਧੀ ਜ਼ਿਆਦਾਤਰ ਸੇਵਾਵਾਂ ਦਾ ਲਾਭ ਲੋਕ ਘਰ ਬੈਠੇ ਲੈ ਸਕਣਗੇ। ਇਹ ਉਪਰਾਲਾ ਜਾਤੀ, ਰਿਹਾਇਸ਼, ਬੁਢਾਪਾ ਪੈਨਸ਼ਨ ਯੋਜਨਾ ਅਤੇ ਆਮਦਨ ਸਰਟੀਫ਼ਿਕੇਟ ਸਮੇਤ ਹੋਰ ਕਈ ਸਰਟੀਫ਼ਿਕੇਟਾਂ ਲਈ ਤਸਦੀਕ ਪ੍ਰਕਿਰਿਆ ਨੂੰ ਸੁਚਾਰੂ ਬਣਾਏਗਾ। ਚੰਡੀਗੜ੍ਹ ਤੋਂ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਅਤੇ ਜਨ-ਸ਼ਿਕਾਇਤਾਂ ਬਾਰੇ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਆਨਲਾਈਨ ਤਸਦੀਕ ਲਈ ਸਾਰੇ ਪਟਵਾਰੀਆਂ ਦੀਆਂ ਲੌਗਇਨ ਆਈ.ਡੀਜ਼. ਬਣਾਈਆਂ ਗਈਆਂ ਨੇ। ਉਨ੍ਹਾਂ ਕਿਹਾ ਕਿ ਪਟਵਾਰੀਆਂ ਨੂੰ ਆਨਲਾਈਨ ਸਿਸਟਮ ਵਿੱਚ ਸ਼ਾਮਲ ਕਰਨ ਨਾਲ ਬਿਨੈਕਾਰਾਂ ਨੂੰ ਹੁਣ ਆਪਣੀ ਤਸਦੀਕ ਰਿਪੋਰਟਾਂ ‘ਤੇ ਮੋਹਰ ਅਤੇ ਦਸਤਖ਼ਤ ਕਰਵਾਉਣ ਲਈ

ਪਟਵਾਰੀ ਦੇ ਦਫ਼ਤਰ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਉਨ੍ਹਾਂ ਦੱਸਿਆ ਕਿ ਇੱਕ ਵਾਰ ਬਿਨੈ-ਪੱਤਰ ਜਮ੍ਹਾਂ ਕਰਵਾਉਣ 'ਤੇ ਉਸ ਅਰਜ਼ੀ ਨੂੰ ਸਬੰਧਤ ਦਫ਼ਤਰ ਦੁਆਰਾ ਸਬੰਧਤ ਪਟਵਾਰੀ ਨੂੰ ਆਨਲਾਈਨ ਭੇਜਿਆ ਜਾਵੇਗਾ।

---------------------------------------------------------------

ਭਾਰਤੀ ਚੋਣ ਕਮਿਸ਼ਨ ਨੇ ਜਲੰਧਰ ਪੱਛਮੀ ਜ਼ਿਮਨੀ ਚੋਣ ਦੇ ਮੱਦੇਨਜ਼ਰ, ਦਲਜੀਤ ਸਿੰਘ ਭਾਨਾ ਦੀ ਪੈਰੋਲ, ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ, ਰੱਦ ਕਰਨ ਦੇ ਨਿਰਦੇਸ਼ ਦਿੱਤੇ ਨੇ। ਉਸ ਦੀ ਪੈਰੋਲ ਰੱਦ ਕਰਨ ਲਈ, ਕਾਂਗਰਸ ਅਤੇ BJP ਨੇ ਕਮਿਸ਼ਨ ਕੋਲ ਸ਼ਿਕਾਇਤਾਂ ਵੀ ਦਰਜ ਕਰਵਾਈਆਂ ਸਨ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ, ਜਲੰਧਰ ਦੇ ਡਿਪਟੀ ਕਮਿਸ਼ਨਰ ਨੂੰ ਇਸ ਬਾਰੇ ਜਾਣੂੰ ਕਰਵਾ ਦਿੱਤਾ ਏ। ਚੋਣ ਕਮਿਸ਼ਨ ਨੇ ਨਿਰਦੇਸ਼ ਦਿੱਤੇ ਨੇ, ਕਿ ਸੁਚਾਰੂ ਚੋਣ ਪ੍ਰਕਿਰਿਆ ਨੇਪਰੇ ਚਾੜ੍ਹਨ ਲਈ, ਅਤੇ ਮਿਲੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ, ਦਲਜੀਤ ਸਿੰਘ ਭਾਨਾ ਦੀ ਪੈਰੋਲ, ਜਲੰਧਰ ਪੱਛਮੀ ਦੀ ਜ਼ਿਮਨੀ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਰੱਦ ਕੀਤੀ ਜਾਵੇ।

---

ਜਲੰਧਰ ਪੱਛਮੀ ਰਾਖਵੇਂ ਹਲਕੇ ਦੀ 10 ਜੁਲਾਈ ਨੂੰ ਹੋਣ ਵਾਲੀ ਜ਼ਿਮਨੀ ਚੋਣ ਲਈ, ਖੁੱਲ੍ਹੇ ਆਮ ਚੋਣ ਪ੍ਰਚਾਰ ਅੱਜ ਸ਼ਾਮ ਬੰਦ ਹੋ ਜਾਵੇਗਾ। ਇਸ ਦੇ ਨਾਲ ਹੀ, ਹਲਕੇ ਵਿੱਚ ਮੌਜੂਦ ਵੱਖ ਵੱਖ ਪਾਰਟੀਆਂ ਦੇ ਬਾਹਰੀ ਆਗੂਆਂ ਨੂੰ ਵੀ, ਹਲਕੇ ਤੋਂ ਬਾਹਰ ਜਾਣਾ ਪਵੇਗਾ। ਚੋਣ ਪ੍ਰਚਾਰ ਵਿਚ ਆਪਣੀ ਆਖਰੀ ਵਾਹ ਲਗਾਉਂਦਿਆਂ ਕੱਲ੍ਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਹੋਰਨਾਂ ਪਾਰਟੀਆਂ ਦੇ ਆਗੂਆਂ ਨੇ, ਰੈਲੀਆਂ ਤੇ ਨੁੱਕੜ ਸਭਾਵਾਂ ਕੀਤੀਆਂ।

---

ਭਾਰਤੀ ਜਨਤਾ ਪਾਰਟੀ ਮੰਡਲ ਗੁਰਦਾਸਪੁਰ ਨੇ, ਅਮਰ ਸ਼ਹੀਦ ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਦੇ ਜਨਮ ਦਿਨ ਨੂੰ ਸਮਰਪਿਤ ਇੱਕ ਰੁੱਖ ਲਗਾਉਣ ਦਾ ਪ੍ਰੋਗਰਾਮ ਮੰਡਲ ਪ੍ਰਧਾਨ ਪ੍ਰਵੀਨ ਕੁਮਾਰ ਦੀ ਪ੍ਰਧਾਨਗੀ ਹੇਠ ਸ਼ਿਵ ਭੂਮੀ ਮੁਹੱਲਾ ਇਸਲਾਮਾਬਾਦ ਵਿਖੇ ਕਲ ਕਰਵਾਇਆ। ਇਸ ਦੌਰਾਨ ਅੰਬ, ਅਮਰੂਦ ਅਤੇ ਲੁਗਾਟ ਦੇ ਫਲਦਾਰ ਬੂਟੇ ਲਗਾਏ ਗਏ। ਲੋਕਾਂ ਨੇ ਇਨਾਂ ਨੂੰ ਸੰਭਾਲਣ ਦਾ ਪ੍ਰਣ ਵੀ ਲਿਆ। ਪ੍ਰਵੀਨ ਕੁਮਾਰ

ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਾਤਾਵਰਨ ਦੀ ਸੰਭਾਲ ਲਈ ਮਾਂ ਦੇ ਨਾਂ ‘ਤੇ ਇੱਕ ਰੁੱਖ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਏ ਤਾਂ ਜੋ ਲਗਾਤਾਰ ਪ੍ਰਦੂਸ਼ਿਤ ਹੁੰਦੇ ਵਾਤਾਵਰਨ ਨੂੰ ਬਚਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਏ ਜਾ ਸਕਣ। ਉਨ੍ਹਾਂ ਕਿਹਾ ਕਿ ਵਧਦੇ ਤਾਪਮਾਨ ਨਾਲ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ ਅਤੇ ਇਹ ਸਾਰਿਆਂ ਦਾ ਨੈਤਿਕ ਫਰਜ਼ ਬਣਦਾ ਏ ਕਿ ਇਨ੍ਹਾਂ ਬਰਸਾਤਾਂ ਦੌਰਾਨ ਘੱਟੋ - ਘੱਟ 10 ਬੂਟੇ ਲਗਾਈਏ ਅਤੇ ਚੰਗੀ ਦੇਖਭਾਲ ਕਰੀਏ।

---------------------------------------------------------------

ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ, ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਵਿਖੇ ਕੀਤੇ ਜਾਣ ਵਾਲੇ ਸਮਾਗਮਾਂ ਦੀਆਂ ਤਿਆਰੀਆਂ ਲਈ, ਕਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾ ਅਨੁਸਾਰ, ਸ਼੍ਰੋਮਣੀ ਕਮੇਟੀ ਮੈਂਬਰ ਮੰਗਵਿੰਦਰ ਸਿੰਘ ਖਾਪੜਖੇੜੀ ਦੇ ਉਪਰਾਲੇ ਨਾਲ, ਇਲਾਕੇ ਭਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਨਾਲ ਇਕ ਵਿਸ਼ੇਸ਼ ਬੈਠਕ ਕੀਤੀ ਗਈ। ਇਸ ਵਿੱਚ ਸਾਬਕਾ ਕੈਬਿਨੇਟ

ਮੰਤਰੀ ਜਥੇਦਾਰ ਗੁਲਜਾਰ ਸਿੰਘ ਰਣੀਕੇ ਸਮੇਤ ਇਲਾਕੇ ਦੇ ਮੋਹਤਬਰ ਤੇ ਅਹੁਦੇਦਾਰ ਵੱਡੀ ਗਿਣਤੀ ਵਿਚ ਮੌਜੂਦ ਰਹੇ । ਸ਼੍ਰੋਮਣੀ ਕਮੇਟੀ ਨੇ ਤੀਜੇ ਪਾਤਸ਼ਾਹ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਨੂੰ, ਵੱਡੇ ਪੱਧਰ ਤੇ ਮਨਾਉਣ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।

-------------------------------------------------------

ਮੋਹਾਲੀ ਸਥਿਤ ਸੰਤ ਨਿਰੰਕਾਰੀ ਸਤਿਸੰਗ ਭਵਨ ਵਿਖੇ ਕਲ 27ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਵਿੱਚ 317 ਸ਼ਰਧਾਲੂਆਂ ਨੇ ਖ਼ੂਨਦਾਨ ਕੀਤਾ। ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਸੰਤ ਨਿਰੰਕਾਰੀ ਮੰਡਲ ਦੇ ਚੰਡੀਗੜ੍ਹ ਜ਼ੋਨ ਦੇ ਜ਼ੋਨਲ ਇੰਚਾਰਜ ਓ.ਪੀ. ਨਿਰੰਕਾਰੀ ਨੇ ਕੀਤਾ । ਉਨ੍ਹਾਂ ਖ਼ੂਨ ਦਾਨ ਕਾਰਨ ਵਾਲਿਆਂ ਦਾ ਧੰਨਵਾਦ ਕੀਤਾ । ਪੀ.ਜੀ.ਆਈ ਚੰਡੀਗੜ੍ਹ ਅਤੇ ਸਿਵਲ ਹਸਪਤਾਲ ਮੁਹਾਲੀ ਦੀਆਂ ਦੋ ਟੀਮਾਂ ਨੇ, ਮਿਸ਼ਨ ਵੱਲੋਂ ਪ੍ਰਬੰਧ ਨਾਲ ਖ਼ੂਨ ਇਕੱਤਰ ਕੀਤਾ। ਡਾਕਟਰ ਜੇ.ਕੇ.ਚੀਮਾ ਨੇ ਦੱਸਿਆ ਕਿ ਖ਼ੂਨਦਾਨ ਕੈਂਪਾਂ ਦੀ ਇਹ ਲੜੀ ਸਾਲ 1986 ਤੋਂ ਲਗਾਤਾਰ ਚੱਲ ਰਹੀ ਏ। ਇਸ ਮੌਕੇ ਖ਼ੂਨਦਾਨ ਕਰਨ ਵਾਲੇ ਰਾਜੇਸ਼, ਵਰਿੰਦਰ, ਅਸ਼ਵਨੀ ਅਤੇ 139 ਵਾਰ ਖ਼ੂਨਦਾਨ ਕਰਨ

ਵਾਲੇ ਵਿਜੇ ਕੋਸ਼ਲ ਨੇ ਕਿਹਾ ਕਿ ਉਹ, ਖ਼ੂਨਦਾਨ ਕਰਨ 'ਤੇ ਬਹੁਤ ਖੁਸ਼ ਅਤੇ ਉਤਸ਼ਾਹਿਤ ਨੇ। ਉਨ੍ਹਾਂ ਸਾਰਿਆਂ ਨੂੰ ਮਨੁੱਖਤਾ ਦੀ ਸੇਵਾ ਵਿੱਚ ਖ਼ੂਨਦਾਨ ਕਰਨ ਦੀ ਅਪੀਲ ਕੀਤੀ।

----------------------------------------------------

ਫਰੀਦਕੋਟ ਜ਼ਿਲੇ ਵਿਚ ਕਿਸਾਨਾਂ ਨੂੰ, ਗੁਲਾਬੀ ਸੁੰਡੀ ਅਤੇ ਚਿੱਟੀ ਮੱਖੀ ਦੀ ਰੋਕਥਾਮ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾ ਰਹੀ ਏ । ਬਲਾਕ ਕੋਟਕਪੂਰਾ ਦੇ ਸਰਕਲ ਬਾਜਾਖਾਨਾ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਪਿੰਡ ਡੋਡ ਵਿਚ ਇਸ ਬਾਰੇ ਜਾਣਕਾਰੀ ਦਿੰਦਿਆਂ, ਖੇਤੀਬਾੜੀ ਵਿਕਾਸ ਅਫਸਰ ਡਾ. ਗੁਰਮਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਨਰਮੇ ਦੀ ਫਸਲ ਨੂੰ ਗੁਲਾਬੀ ਸੁੰਡੀ ਅਤੇ ਚਿੱਟੀ ਮੱਖੀ ਦੇ ਹਮਲੇ ਤੋਂ ਬਚਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਏ ਤਾਂ ਜੋ ਨਰਮੇ ਦੀ ਫਸਲ ਨੂੰ ਗੁਲਾਬੀ ਸੁੰਡੀ ਅਤੇ ਚਿੱਟੀ ਮੱਖੀ ਦੇ ਹਮਲੇ ਤੋਂ ਬਚਾਇਆ ਜਾ ਸਕੇ। ਗੁਲਾਬੀ ਸੁੰਡੀ ਦੀ ਨਿਗਰਾਨੀ ਲਈ ਹਰੇਕ ਨਰਮੇ ਦੇ ਖੇਤ ਵਿੱਚ ਆਤਮਾ ਤਹਿਤ ਫੀਰੋਮੋਨ ਟਰੈਪ ਲਗਾਏ ਗਏ ਨੇ ਤਾਂ ਜੋ ਗੁਲਾਬੀ ਸੁੰਡੀ ਦੇ ਹਮਲੇ ਬਾਰੇ ਪਤਾ ਲੱਗ

ਸਕੇ । ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਤਕਨੀਕੀ ਤੌਰ ਤੇ ਨਰਮੇ 'ਚ ਕੀੜੇ-ਮਕੌੜਿਆਂ ਦੇ ਹਮਲੇ ਅਤੇ ਰੋਕਥਾਮ ਬਾਰੇ ਪੂਰੀ ਜਾਣਕਾਰੀ ਦਿੱਤੀ ਜਾ ਰਹੀ ਏ ਤਾਂ ਜੋਂ ਨਰਮਾ ਕਾਸ਼ਤਕਾਰਾਂ ਨੂੰ ਤਕਨੀਕੀ ਤੌਰ ਤੇ ਮਜ਼ਬੂਤ ਕੀਤਾ ਜਾ ਸਕੇ ।